I/28439/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਪੀਐੱਮ ਕਿਸਾਨ ਨਿਧੀ ਯੋਜਨਾ ਵਿਚ ਸ਼ਾਮਲ ਹੋਣ ਤੋਂ ਰਹਿ ਗਏ ਕਿਸਾਨ, ਪਹਿਲੀ ਜੂਨ ਤੋਂ ਪਹਿਲਾਂ ਆਪਣੇ ਫਾਰਮ ਨੇੜਲੇ ਸਹਿਕਾਰੀ ਸਭਾਵਾਂ ਵਿਖੇ ਭਰਨ ਲਈ ਸੰਪਰਕ ਕਰਨ

ਗੁਰਦਾਸਪੁਰ, 28 ਮਈ ( ) ਗੁਰਦਾਸਪੁਰ ਜ਼ਿਲੇ ਦੇ ਡਿਪਟੀ ਰਜਿਸਟਰਾਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਦਿਸ਼ਾ ਨਿਰਦੇਸ਼ ਦਿੱਤੇ ਗਏ ਹਨ ਕਿ ਪੀ.ਐੱਮ ਕਿਸਾਨੀ ਨਿਧੀ ਯੋਜਨਾ ਵਿੱਚ ਸ਼ਾਮਲ ਹੋਣ ਤੋਂ ਰਹਿ ਗਏ ਕਿਸਾਨਾਂ ਨੂੰ ਇਸ ਯੋਜਨਾ ਵਿੱਚ ਗਾਈਡਲਾਈਨਜ਼ ਅਨੁਸਾਰ ਤੁਰੰਤ ਸ਼ਾਮਲ ਕੀਤਾ ਜਾਵੇ, ਜਿਸ ਸਬੰਧੀ ਗੁਰਦਾਸਪੁਰ ਜ਼ਿਲੇ ਦੇ ਸਹਿਕਾਰੀ ਸਭਾਵਾਂ ਦੇ ਸਮੂਹ ਸਕੱਤਰਾਂ ਵੱਲੋਂ ਪੀ.ਐੱਮ ਕਿਸਾਨ ਨਿਧੀ ਯੋਜਨਾ ਵਿਚ ਸ਼ਾਮਲ ਕਰਨ ਲਈ ਕਿਸਾਨਾਂ ਦੇ ਫਾਰਮ ਭਰੇ ਜਾ ਰਹੇ ਹਨ। ਉਨਾਂ ਨੇ ਦੱਸਿਆ ਕਿ ਕਰਫਿਊ/ਲਾਕਡਾਊਨ ਦੌਰਾਨ ਸਹਿਕਾਰਤਾ ਵਿਭਾਗ ਵੱਲਲੋਕਹਿੱਤ ਲਈ ਵੱਡੇ ਉਪਰਾਲੇ ਕੀਤੇ ਗਏ ਹਨ।

ਡਿਪਟੀ ਰਜਿਸਟਰਾਰ ਨੇ ਕਿਸਾਨ ਨੂੰ ਅਪੀਲ ਕਰਦਿਆਂ ਕਿਹਾ ਕਿ ਇੱਕ ਜੂਨ ਤੋਂ ਪਹਿਲਾਂ ਪਹਿਲਾਂ ਆਪਣੇ ਫਾਰਮ ਨੇੜਲੀ ਸਹਿਕਾਰੀ ਸਭਾਵਾਂ ਦੇ ਸਕੱਤਰਾਂ ਤੋਂ ਭਰਵਾਏ ਜਾਣ।

ਕੋਆਪ੍ਰੇਟਿਵ ਬੈਂਕ ਦੇ ਪ੍ਰਬੰਧ ਨਿਰਦੇਸ਼ਕ ਸ੍ਰੀ ਅਮਨਦੀਪ ਬਰਾੜ ਅਤੇ ਜ਼ਿਲਾ ਮੈਨੇਜਰ ਸ੍ਰੀਮਤੀ ਕਵਿਤਾ ਬੇਦੀ ਵੱਲੋਂ ਦੱਸਿਆ ਗਿਆ ਕਿ ਉਨਾਂ ਵੱਲੋਂ ਜ਼ਿਲੇ ਵਿੱਚ ਬੈਂਕਿੰਗ ਸੇਵਾਵਾਂ ਪ੍ਰਦਾਨ ਕਰਨ ਲਈ ਮੋਬਾਇਲ ਏਟੀਐਮ ਵੈਨ ਰੋਜ਼ਾਨਾ ਚਲਾਈ ਜਾ ਰਹੀ ਹੈ ਜਿਸ ਵਿੱਚ ਸਫਾਈ ਦੀ ਉਚਿਤ ਸਹੂਲਤ ਹੁੰਦੀ ਹੈ ਅਤੇ ਸੋਸ਼ਲ ਡਿਸਤਟੈਸਿੰਗ ਦਾ ਖ਼ਾਸ ਤੌਰ ਤੇ ਧਿਆਨ ਰੱਖਿਆ ਜਾਂਦਾ ਹੈ। ਇਸੇ ਤਹਿਤ ਮੋਬਾਈਲ ਏ ਟੀ ਐੱਮ ਵੈਨ ਵੱਲੋਂ ਅੱਜ ਰੁਡਿਆਣਾ ਅਤੇ ਕਲਾਨੌਰ ਪਿੰਡ ਵਿੱਚ ਜਾ ਕੇ ਲੋਕਾਂ ਨੂੰ ਬੈਂਕਿੰਗ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ।

-----------------

I/28453/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਜ਼ਿਲੇ ਅੰਦਰ 'ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ' ਸਕੀਮ ਤਹਿਤ ਮੁਫ਼ਤ ਰਾਸ਼ਨ ਵੰਡਿਆ

168318 ਰਾਸ਼ਨ ਕਾਰਡ ਧਾਰਕਾਂ ਦੇ 654212 ਜੀਆਂ ਨੂੰ 9813 ਮੀਟਰਕ ਟਨ ਕਣਕ ਤੇ 504 ਮੀਟਰਕ ਟਨ ਦਾਲ ਵੰਡੀ

ਗੁਰਦਾਸਪੁਰ, 28 ਮਈ (          ) ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫਾਕ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਕਾਰ ਵਲੋਂ 'ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ' ਸਕੀਮ ਅਧੀਨ ਸਮਾਰਟ ਰਾਸ਼ਨ ਕਾਰਡ ਧਾਰਕਾਂ ਨੂੰ 15 ਕਿਲੋ ਕਣਕ ਪ੍ਰਤੀ ਜੀਅ ਅਤੇ 03 ਕਿਲੋ ਦਾਲ ਪ੍ਰਤੀ ਪਰਿਵਾਰ ਦੇ ਹਿਸਾਬ ਨਾਲ 3 ਮਹੀਨੇ ਦਾ ਮੁਫ਼ਤ ਰਾਸ਼ਨ ਦਿੱਤਾ ਜਾ ਰਿਹਾ ਹੈ। ਇਸ ਯੋਜਨਾ ਤਹਿਤ ਜਿਲਾ ਗੁਰਦਾਸਪੁਰ ਵਿਚ ਕੁਲ 2 ਲੱਖ 13 ਹਜ਼ਾਰ 171 ਕਾਰਡ ਧਾਰਕਾਂ ਦੇ ਕੁਲ 8 ਲੱਖ 44 ਹਜ਼ਾਰ 667 ਜੀਆਂ ਨੂੰ ਕੁਲ 13354.00 ਮੀਟਰਕ ਟਨ ਕਣਕ ਅਤੇ 662.90 ਮੀਟਰਕ ਟਨ ਦਾਲ ਦੀ ਵੰਡ ਕੀਤੀ ਜਾਣੀ ਹੈ।

ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਇਸ ਸਕੀਮ ਦੇ ਤਹਿਤ ਹੁਣ ਤਕ ਜਿਲਾ ਗੁਰਦਾਸਪੁਰ ਵਿਚ 1 ਲੱਖ 68 ਹਜ਼ਾਰ 318 ਰਾਸ਼ਨ ਕਾਰਡ ਧਾਰਕਾਂ ਦੇ 654212 ਜੀਆਂ ਨੂੰ ਕੁਲ 9813 ਮੀਟਰਕ ਟਨ ਕਣਕ ਅਤੇ 504 ਮੀਟਰਕ ਟਨ ਦਾਲ ਦੀ ਵੰਡ ਕੀਤੀ ਜਾ ਚੁੱਕੀ ਹੈ।

ਉਨਾਂ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਜਿਲੇ ਅੰਦਰ 57 ਹਜ਼ਾਰ 540 ਨਾਨ ਐਫ.ਐਸ.ਏ/ਪੀਡੀਐਸ ਰਾਸ਼ਨ ਕਿੱਟਾਂ, ਜਿਸ ਵਿਚ 10 ਕਿਲੋਗਰਾਮ ਆਟਾ. 02 ਕਿਲੋ ਖੰਡ ਤੇ ਦਾਲਾਂ ਦੀ ਵੰਡ ਲੋੜਵੰਦ ਪਰਿਵਾਰਾਂ ਨੂੰ ਕੀਤੀ ਜਾ ਚੁੱਕੀ ਹੈ।

ਇਸ ਮੌਕੇ ਸ੍ਰੀ ਹਿਮਾਂਸ਼ੂ ਕੱਕੜ ਜ਼ਿਲ•ਾ ਖੁਰਾਕ ਸਪਲਾਈ ਕੰਟਰੋਲਰ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਵਲੋਂ ਕੈਬਨਿਟ ਮੰਤਰੀ ਭਾਰਤ ਭੂਸ਼ਣ ਆਸ਼ੂ ਦੀ ਅਗਵਾਈ ਹੇਠ ਕੋਵਿੰਡ-19 ਮਹਾਂਮਾਰੀ ਦੋਰਾਨ, ਕੋਰੋਨਾ ਯੋਧਿਆ ਵਾਂਗ ਅੱਗੇ ਹੋ ਕੇ ਦਿਨ ਰਾਤ ਕੰਮ ਕੀਤਾ ਜਾ ਰਿਹਾ ਹੈ। ਉਨਾਂ ਦੱਸਿਆ ਕਿ ਜਿਲੇ ਅੰਦਰ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ 'ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ' ਤਹਿਤ ਕਣਕ ਅਤੇ ਦਾਲ ਦੀ ਨਿਰੰਤਰ ਵੰਡ ਕੀਤੀ ਜਾ ਰਹੀ ਹੈ।

ਉਨਾਂ ਅੱਗੇ ਦੱਸਿਆ ਕਿ ਇਸ ਤੋਂ ਇਲਾਵਾ 'ਆਤਮ ਨਿਰਭਰ' ਸਕੀਮ ਤਹਿਤ ਪਰਵਾਸੀ ਮਜ਼ਦੂਰਾਂ ਨੂੰ 238 ਮੀਟਰਕ ਟਨ ਕਣਕ/ਆਟਾ, 01 ਕਿਲੋ ਖੰਡ ਤੇ ਦਾਲ ਦੀ ਵੰਡ ਲਈ ਵੀ ਉਪਰਾਲੇ ਕੀਤੇ ਜਾ ਰਹੇ ਹਨ।

--------------

I/28473/2020

ਜ਼ਿਲਾ ਲੋਕ ਸੰਪਰਕ ਦਫ਼ਤਰ, ਗੁਰਦਾਸਪੁਰ।

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਲੋਂ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ-ਮੁੱਖ ਖੇਤੀਬਾੜੀ ਅਫਸਰ ਧੰਜੂ

ਗੁਰਦਾਸਪੁਰ, 28 ਮਈ ( ) ਡਾ. ਰਮਿੰਦਰ ਸਿੰਘ ਧੰਜੂ ਮੁੱਖ ਖੇਤੀਬਾੜੀ ਅਫਸਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਲੋਂ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਲਈ ਉਤਸ਼ਾਹਿਤ ਕੀਤਾ ਜਾ ਰਿਹਾ । ਉਨਾਂ ਦੱਸਿਆ ਕਿ ਝੋਨੇ ਦੀ ਸਿੱਧੀ ਬਿਜਾਈ, ਕਰੋਨਾ ਵਾਇਰਸ ਦੇ ਚੱਲਦਿਆਂ ਝੋਨੇ ਦੀ ਲਵਾਈ ਸਮੇਂ ਮਜ਼ਦੂਰਾਂ ਦੀ ਸੰਭਾਵਿਤ ਘਾਟ ਦਾ ਇਕ ਬਿਹਤਰ ਬਦਲ ਹੋ ਸਕਦੀ ਹੈ। ਜੂਨ ਮਹੀਨੇ ਵਿਚ ਸਿੱਧੀ ਬਿਜਾਈ ਨਾਲ ਬੀਜੇ ਝੋਨੇ ਦੀ ਫਸਲ ਚੰਗਾ ਝਾੜ ਅਤੇ ਚੰਗਾ ਮਿਆਰ ਦਿੰਦੀ ਹੈ ਅਤੇ ਮਈ ਮਹੀਨੇ ਵਿੱਚ ਅਗੇਤੀ ਬਿਜਾਈ ਕਰਨ ਨਾਲ ਪਾਣੀ ਦੀ ਖਪਤ ਜ਼ਿਆਦਾ ਹੁੰਦੀ ਹੈ ਅਤੇ ਨਦੀਨਾਂ ਦੀ ਸਮੱਸਿਆ ਵੀ ਜ਼ਿਆਦਾ ਆਉਂਦੀ ਹੈ।

ਮੁੱਖ ਖੇਤੀਬਾੜੀ ਅਫਸਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਜੋ ਵੀ ਕਿਸਾਨ ਝੋਨੇ ਦੀ ਸਿੱਧੀ ਬਿਜਾਈ ਕਰਨਾ ਚਾਹੁੰਦਾ ਹੈ ਉਹ ਖੇਤੀ ਮਾਹਿਰਾਂ ਨਾਲ ਸੰਪਰਕ ਕਰੇ ਤਾਂ ਜੋ ਉਨ•ਾਂ ਨੂੰ ਸਹੀ ਤਕਨੀਕੀ ਅਗਵਾਈ ਦਿੱਤੀ ਜਾ ਸਕੇ ਅਤੇ ਕਿਸਾਨ ਨੂੰ ਕਿਸੇ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਉਨਾਂ ਕਿਹਾ ਕਿ ਜੂਨ ਦਾ ਪਹਿਲਾ ਪੰਦਰਵਾੜਾ ਝੋਨੇ ਦੀ ਸਿੱਧੀ ਬਿਜਾਈ ਲਈ ਅਤੇ ਬਾਸਮਤੀ ਲਈ ਜੂਨ ਦਾ ਦੂਜਾ ਪੰਦਰਵਾੜਾ ਢੁਕਵਾਂ ਸਮਾਂ ਹੈ। ਉਨਾਂ ਕਿਹਾ ਕਿ ਘੱਟ ਸਮੇਂ ਵਿੱਚ ਪੱਕਣ ਵਾਲੀਆਂ ਪੀ ਆਰ 126 ਅਤੇ ਪੂਸਾ ਬਾਸਮਤੀ 1509 ਦੀ ਬਿਜਾਈ ਜੂਨ ਦੇ ਦੂਜੇ ਪੰਦਰਵਾੜੇ ਵਿੱਚ ਵੀ ਕੀਤੀ ਜਾ ਸਕਦੀ ਹੈ।

ਉਨਾਂ ਨੇ ਕਿਹਾ ਕਿ ਨਦੀਨਾਂ ਦੀ ਰੋਕਥਾਮ ਲਈ ਛਿੜਕਾਅ ਤਕਨੀਕਾਂ ਦਾ ਸਹੀ ਹੋਣਾ ਬਹੁਤ ਜ਼ਰੂਰੀ ਹੈ ਅਤੇ ਨਦੀਨਾਸ਼ਕਾਂ ਦਾ ਛਿੜਕਾਅ ਸ਼ਾਮ ਜਾਂ ਸਵੇਰ ਸਮੇਂ ਕਰਨਾ ਚਾਹੀਦਾ ਹੈ। ਉਨਾਂ ਕਿਹਾ ਕਿ ਝੋਨੇ ਦੀ ਸਿੱਧੀ ਬਿਜਾਈ ਤਰ ਵੱਤਰ ਵਿੱਚ ਹੀ ਕੀਤੀ ਜਾਵੇ ਤਾਂ ਬਿਹਤਰ ਹੈ। ਰੌਣੀ ਉਪਰੰਤ ਖੇਤ ਤਰ ਵੱਤਰ ਦੀ ਹਾਲਤ ਵਿਚ ਆਉਣ ਤੇ ਦੋ ਵਾਰ ਹੱਲਾਂ ਨਾਲ ਵਾਹ ਕੇ ਤੇ ਸੁਹਾਗੇ ਦੀ ਦੋਹਰ ਪਾ ਕੇ ਤੁਰੰਤ ਬਿਜਾਈ ਕਰ ਦਿਉ। ਬਿਜਾਈ ਕਰਨ ਤੋਂ ਪਹਿਲਾਂ ਬੀਜ ਨੂੰ 8-12 ਘੰਟੇ ਤਕ ਪਾਣੀ ਵਿਚ ਭਿਉਂ ਕੇ ਰੱਖਣ ਤੋਂ ਬਾਅਦ ਛਾਵੇਂ ਸੁਕਾ ਕੇ ਉੱਲੀਨਾਸ਼ਕ ਦਵਾਈ ਨਾਲ ਸੋਧ ਲਵੋ। ਨਦੀਨਾਂ ਦੀ ਸਮੱਸਿਆ ਅਤੇ ਖੁਰਾਕੀ ਤੱਤਾਂ ਖਾਸ ਕਰਕੇ ਲੋਹੇ ਦੀ ਘਾਟ ਤੋਂ ਬਚਾਅ ਲਈ ਪਹਿਲਾ ਪਾਣੀ ਦੇਰੀ ਨਾਲ, ਤਕਰੀਬਨ 21 ਦਿਨਾਂ ਬਾਅਦ ਲਾਓ।

-----------------

I/28597/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

03 ਕੋਰੋਨਾ ਪੀੜਤ ਮਰੀਜ ਘਰਾਂ ਨੂੰ ਪਰਤੇ-ਜਿਲੇ ਵਿਚ ਹੁਣ 08 ਐਕਟਿਵ ਕੋਰੋਨਾ ਪੀੜਤ ਮਰੀਜ਼

ਗੁਰਦਾਸਪੁਰ, 28 ਮਈ (      ) ਡਾ. ਕਿਸ਼ਨ ਚੰਦ ਸਿਵਲ ਸਰਜਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੋਰੋਨਾ ਪੀੜਤ 11 ਐਕਟਿਵ ਮਰੀਜਾਂ ਵਿਚੋਂ ਅੱਜ 03 ਕੋਰੋਨਾ ਵਾਇਰਸ ਪੀੜਤ ਵਿਅਕਤੀਆਂ ਨੂੰ ਘਰ (home isolation ) ਭੇਜ ਦਿੱਤਾ ਗਿਆ ਹੈ। ਕਮਿਊਨਿਟੀ ਹੈਲਥ ਸੈਂਟਰ ਧਾਰੀਵਾਲ ਤੋਂ 02 ਅਤੇ ਬਟਾਲਾ ਤੋਂ 01 ਵਿਅਕਤੀ ਨੂੰ ਘਰ ਭੇਜਿਆ ਗਿਆ ਹੈ। ਇਸ ਤਰਾਂ ਹੁਣ ਜਿਲੇ ਵਿਚ 08 ਐਕਟਿਵ ਕੋਰੋਨਾ ਪੀੜਤ ਮਰੀਜ਼ ਹਨ।

ਸਿਵਲ ਸਰਜਨ ਨੇ ਦੱਸਿਆ ਕਿ ਧਾਰੀਵਾਲ ਅਤੇ ਬਟਾਲਾ ਵਿਖੇ ਅਧਿਕਾਰੀਆਂ ਨੇ ਘਰਾਂ ਨੂੰ ਪਰਤ ਰਹੇ ਮਰੀਜਾਂ ਨੂੰ ਸਨਮਾਨਿਤ ਕੀਤਾ ਤੇ ਇਸ ਮੌਕੇ ਘਰ ਜਾ ਰਹੇ ਵਿਅਕਤੀਆਂ ਨੇ ਕਿਹਾ ਕਿ ਜਿਲਾ ਪ੍ਰਸ਼ਾਸਨ ਵਲੋਂ ਉਨਾਂ ਦੇ ਰਹਿਣ ਅਤੇ ਖਾਣੇ ਦੇ ਬਹੁਤ ਵਧੀਆਂ ਇੰਤਜ਼ਾਮ ਕੀਤੇ ਹੋਏ ਸਨ, ਜਿਸ ਲਈ ਉਹ ਪ੍ਰਸ਼ਾਸਨ ਦਾ ਧੰਨਵਾਦ ਕਰਦੇ ਹਨ। ਇਸ ਮੌਕੇ ਬਲਦੇਵ ਸਿੰਘ ਐਸ.ਡੀ.ਓ, ਰਜਿੰਦਰ ਅਰੋੜਾ ਐਸ.ਐਮ.ਓ ਧਾਰੀਵਾਲ ਤੇ ਡਾ. ਕਲੇਰ ਆਦਿ ਹਾਜ਼ਰ ਸਨ।

ਸਿਵਲ ਸਰਜਨ ਨੇ ਅੱਗੇ  ਦੱਸਿਆ ਕਿ ਜ਼ਿਲ•ੇ ਅੰਦਰ 136 ਕੋਰੋਨਾ ਪੀੜਤਾਂ ਵਿਚੋਂ 03 ਵਿਅਕਤੀਆਂ ਦੀ ਮੋਤ ਹੋ ਚੁੱਕੀ ਹੈ।  125 ਮਰੀਜਾਂ ਠੀਕ ਹੋ ਕੇ ਘਰ ਨੂੰ ਭੇਜੇ ਗਏ ਹਨ (119 ਠੀਕ ਹੋਏ ਹਨ, 06 ਘਰਾਂ ਅੰਦਰ ਏਕਾਂਤਵਾਸ ਕੀਤੇ ਗਏ ਹਨ)।  ਜਿਲੇ ਅੰਦਰ ਐਕਟਿਵ 08 ਕੋਰੋਨਾ ਪੀੜਤ ਹਨ। ਉਨਾਂ ਵਿਚ ਕੋਰੋਨਾ ਵਾਇਰਸ ਦੇ ਨਿਰਧਾਰਿਤ ਲੱਛਣ ਨਹੀਂ ਹਨ ਅਤੇ ਉਹ ਤੰਦਰੁਸਤ ਹਨ। ਇਸ ਤਰ•ਾਂ ਹੁਣ 02 ਪੀੜਤ ਧਾਰੀਵਾਲ ਅਤੇ 06 ਪੀੜਤ ਬਟਾਲਾ ਵਿਖੇ ਰੱਖੇ ਗਏ ਹਨ।

ਸਿਵਲ ਸਰਜਨ ਨੇ ਅੱਗੇ ਦੱਸਿਆ ਕਿ ਜਿਲੇ ਅੰਦਰ ਕੁਲ 3011 ਸ਼ੱਕੀ ਮਰੀਜਾਂ ਵਿਚੋਂ 2670 ਮਰੀਜਾਂ ਦੀ ਰਿਪੋਰਟ ਨੈਗਟਿਵ ਆਈ ਸੀ, ਜਿਸ ਵਿਚ 136 ਕੋਰੋਨਾ ਵਾਇਰਸ ਪੀੜਤ, 201 ਪੈਂਡਿੰਗ ਅਤੇ 04 ਸੈਂਪਲ ਰਿਜੈਕਟ ਕੀਤੇ ਗਏ ਹਨ।

I/28565/2020

ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਵਧੀਕ ਡਿਪਟੀ ਕਮਿਸ਼ਨਰ ਸੰਧੂ ਵਲੋਂ ਵੀਡੀਓ ਕਾਨਫਰੰਸ ਰਾਹੀਂ ਸਿਹਤ ਅਧਿਕਾਰੀਆਂ ਨਾਲ ਮੀਟਿੰਗ

ਗੁਰਦਾਸਪੁਰ, 28 ਮਈ (              ) ਜਨਾਬ ਮੁਹੰਮਦ ਇਸ਼ਫਾਕ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ਾ ਅਨੁਸਾਰ ਵਧੀਕ ਡਿਪਟੀ ਕਮਿਸ਼ਨਰ (ਜ) ਤੇਜਿੰਦਰਪਾਲ ਸਿੰਘ ਸੰਧੂ ਵੱਲੋਂ ਵੀਡੀਓ ਕਾਨਫਰੰਸ ਰਾਹੀਂ ਸਮੂਹ ਪ੍ਰੋਗਰਾਮ ਅਫਸਰ ਦਫਤਰ ਸਿਵਲ ਸਰਜਨ ਅਤੇ ਸਮੂਹ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀ.ਐਚ.ਸੀ./ਪੀ.ਐਚ.ਸੀ./ਸਿਵਲ ਹਸਪਤਾਲ ਬਟਾਲਾ ਅਤੇ ਗੁਰਦਾਸਪੁਰ ਨਾਲ ਮੀਟਿੰਗ ਕੀਤੀ ।

ਮੀਟਿੰਗ ਦੋਰਾਨ ਵਧੀਕ ਡਿਪਟੀ ਕਮਿਸ਼ਨਰ ਸੰਧੂ ਨੇ ਮਹੀਨਾ ਫਰਵਰੀ, ਮਾਰਚ ਅਤੇ ਅਪਰੈਲ ਵਿੱਚ ਕੀਤੇ ਗਏ ਕੰਮਾਂ ਦਾ ਰੀਵਿਊ ਕੀਤਾ ਗਿਆ ਤੇ ਅਧਿਕਾਰੀਆਂ ਨੂੰ ਸਰਕਾਰ ਵਲੋਂ ਲਾਗੂ ਕੀਤੀਆਂ ਸਕੀਮਾਂ ਦਾ ਲਾਭ ਲੋਕਾਂ ਤਕ ਪੁਜਦਾ ਕਰਨ ਨੂੰ ਕਿਹਾ।

ਮੀਟਿੰਗ ਦੋਰਾਨ ਜ਼ਿਲ•ਾ ਪਰਿਵਾਰ ਭਲਾਈ ਅਫਸਰ, ਡਾ ਵਿਜੈ ਕੁਮਾਰ ਨੇ 'ਪਰਿਵਾਰ ਨਿਯੋਜਨ ਅਤੇ ਬੇਟੀ ਬਚਾਓ ਬੇਟੀ ਪੜਾਓ' ਸਕੀਮ ਬਾਰੇ ਜਾਣਕਾਰੀ ਦਿੱਤੀ।ਜ਼ਿਲ•ਾ ਐਪੀਡੀਮਾਲੋਜਿਸਟ ਡਾ.ਪ੍ਰਭਜੋਤ ਕੌਰ ਕਲਸੀ ਨੇ ਜ਼ਿਲੇ ਵਿੱਚ ਕੋਰੋਨਾ ਵਾਇਰਸ (ਕੋਵਿਡ-19) ਸਬੰਧੀ ਜਾਣਕਾਰੀ ਦਿੱਤੀ ਅਤੇ ਮਲੇਰੀਆ ਅਤੇ ਡੇਂਗੂ ਦੇ ਸੀਜਨ ਦੋਰਾਨ ਦੂਸਰੇ ਵਿਭਾਗਾਂ ਨੂੰ ਸਹਿਯੋਗ ਦੇਣ ਬਾਰੇ ਅਪੀਲ ਕੀਤੀ।

ਜ਼ਿਲ•ਾ ਟੀਕਾਕਰਨ ਅਫਸਰ ਡਾ.ਮਨਚੰਦਾ ਨੇ ਦੱਸਿਆ ਕਿ ਜ਼ਿਲੇ ਦੇ ਸਰਕਾਰੀ ਹਸਪਤਾਲਾਂ ਅਤੇ ਸਬ ਸੈਂਟਰ ਪੱਧਰ ਤੇ ਹਰੇਕ ਬੁੱਧਵਾਰ ਨੂੰ ਸਵੇਰੇ 8:00 ਵਜ਼ੇ ਤੋਂ ਬਾਅਦ ਦੁਪਹਿਰ 2 ਵਜੇ ਤੱਕ ਰੁਟੀਨ ਟੀਕਾਕਰਨ ਕੀਤਾ ਜਾਂਦਾ ਹੈ।ਰੁਟੀਨ ਟੀਕਾਕਰਨ ਵਿੱਚ ਜ਼ਿੰਨੇ ਵੀ ਟੀਕੇ ਆਉਂਦੇ ਹਨ।ਬੱਚਿਆਂ ਨੂੰ ਲਗਾਏ ਜਾ ਰਹੇ ਹਨ ਅਤੇ ਗਰਭਵਤੀ ਮਹਿਲਾਵਾਂ ਨੂੰ ਟੈਟਨਸ਼ ਦੇ ਟੀਕੇ ਲਗਾਏ ਜਾ ਰਹੇ ਹਨ।ਇਹ ਟੀਕੇ ਐਲ.ਐਚ.ਵੀ.ਸੁਪਰਵਾਈਜ਼ਰ ਦੀ ਨਿਗਰਾਨੀ ਹੇਠ ਮਲਟੀਪਰਪਜ਼ ਹੈਲਥ ਵਰਕਰ ਫੀਮੇਲ ਵੱਲੋਂ ਲਗਾਏ ਜਾਂਦੇ ਹਨ।

ਜ਼ਿਲ•ਾ ਟੀ.ਬੀ.ਅਫਸਰ ਡਾ.ਰਮੇਸ਼ ਕੁਮਾਰ ਅੱਤਰੀ ਨੇ ਟੀ.ਬੀ.ਦੇ ਮਰੀਜ਼ਾ ਦਾ ਇਲਾਜ਼ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਬਿਲਕੁਲ ਮੁਫਤ ਕੀਤਾ ਜਾਂਦਾ ਹੈ।

ਇਸ ਮੋਕੇ ਡਾ.ਭਾਵਨਾ ਸ਼ਰਮਾ ਮੈਡੀਕਲ ਅਫਸਰ ਸਕੂਲ ਹੈਲਥ, ਡਾ.ਹਰਸਿਮਰਤ ਸਿੰਘ ਵੜੈਚ ਮੈਡੀਕਲ ਅਫਸਰ, ਡਾ.ਜਸਮੀਨ ਨੰਦਾ,ਜ਼ਿਲਾ ਡੈਂਟਲ ਅਫਸਰ , ਗੁਰਪ੍ਰੀਤ ਸਿੰਘ ਕਾਰਜਕਾਰੀ ਜ਼ਿਲਾ ਪ੍ਰੋਗਰਾਮ ਮੈਨੇਜਰ ਐਨ.ਐਚ.ਐਮ, ਅਮਰਜੀਤ ਸਿੰਘ ਦਾਲਮ ਅਤੇ ਸ੍ਰੀਮਤੀ ਗੁਰਿੰਦਰ ਕੌਰ ਆਦਿ ਹਾਜ਼ਰ ਸਨ।